ਸਾਰਗ ਮਹਲਾ ੫ ॥ ਸਾਚੇ ਸਤਿਗੁਰੂ ਦਾਤਾਰਾ ॥ ਦਰਸਨੁ ਦੇਖਿ ਸਗਲ ਦੁਖ ਨਾਸਹਿ ਚਰਨ ਕਮਲ ਬਲਿਹਾਰਾ ॥੧॥ ਰਹਾਉ ॥ ਸਤਿ ਪਰਮੇਸਰੁ ਸਤਿ ਸਾਧ ਜਨ ਨਿਹਚਲੁ ਹਰਿ ਕਾ ਨਾਉ ॥ ਭਗਤਿ ਭਾਵਨੀ ਪਾਰਬ੍ਰਹਮ ਕੀ ਅਬਿਨਾਸੀ ਗੁਣ ਗਾਉ ॥੧॥ ਅਗਮੁ ਅਗੋਚਰੁ ਮਿਤਿ ਨਹੀ ਪਾਈਐ ਸਗਲ ਘਟਾ ਆਧਾਰੁ ॥ ਨਾਨਕ ਵਾਹੁ ਵਾਹੁ ਕਹੁ ਤਾ ਕਉ ਜਾ ਕਾ ਅੰਤੁ ਨ ਪਾਰੁ ॥ ੨॥੬੩॥੮੬॥ {ਪੰਨਾ 1221}

ਪਦਅਰਥ:- ਸਾਚੇ—ਹੇ ਸਦਾ ਕਾਇਮ ਰਹਿਣ ਵਾਲੇ! ਦਾਤਾਰਾ—ਹੇ ਸਭ ਦਾਤਾਂ ਦੇਣ ਵਾਲੇ! ਦੇਖਿ—ਵੇਖ ਕੇ। ਸਗਲ—ਸਾਰੇ। ਨਾਸਹਿ—ਨਾਸ ਹੋ ਜਾਂਦੇ ਹਨ। ਬਲਿਹਾਰ—ਸਦਕੇ।1। ਰਹਾਉ।

ਸਤਿ—ਸਦਾ-ਥਿਰ। ਸਤਿ—ਅਟੱਲ ਆਤਮਕ ਜੀਵਨ ਵਾਲੇ। ਸਾਧ ਜਨ—ਸੰਤ ਜਨ। ਨਿਹਚਲੁ—ਕਦੇ ਨਾਹ ਡੋਲਣ ਵਾਲਾ। ਭਾਵਨੀ—ਸਰਧਾ (ਨਾਲ)। ਅਬਿਨਾਸੀ ਗੁਣ—ਕਦੇ ਨਾਹ ਨਾਸ ਹੋਣ ਵਾਲੇ ਪ੍ਰਭੂ ਦੇ ਗੁਣ। ਗਾਉ—ਗਾਇਆ ਕਰੋ।1।

ਅਗਮੁ—ਅਪਹੁੰਚ। ਅਗੋਚਰੁ—{ਅ-ਗੋ-ਚਰੁ} ਗੋ—ਗਿਆਨ-ਇੰਦ੍ਰੇ। ਚਰੁ—ਪਹੁੰਚ} ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ। ਮਿਤਿ—ਮਾਪ, ਵਡੱਪਣ ਦਾ ਅੰਦਾਜ਼ਾ। ਘਟ—ਸਰੀਰ। ਆਧਾਰੁ—ਆਸਰਾ। ਵਾਹੁ ਵਾਹੁ ਕਹੁ—ਸਿਫ਼ਤਿ-ਸਾਲਾਹ ਕਰੋ। ਤਾ ਕਉ—ਉਸ ਪ੍ਰਭੂ ਨੂੰ। ਜਾ ਕਾ—ਜਿਸ ਪ੍ਰਭੂ ਦਾ। ਪਾਰੁ—ਪਾਰਲਾ ਬੰਨਾ। ਵਾਹੁ ਵਾਹ—ਧੰਨ ਧੰਨ।2।

ਅਰਥ:- ਹੇ ਸਦਾ ਕਾਇਮ ਰਹਿਣ ਵਾਲੇ! ਹੇ ਸਤਿਗੁਰੂ! ਹੇ ਸਭ ਦਾਤਾਂ ਦੇਣ ਵਾਲੇ ਪ੍ਰਭੂ! ਤੇਰਾ ਦਰਸਨ ਕਰ ਕੇ (ਜੀਵ ਦੇ) ਸਾਰੇ ਦੁੱਖ ਨਾਸ ਹੋ ਜਾਂਦੇ ਹਨ। ਮੈਂ ਤੇਰੇ ਸੋਹਣੇ ਚਰਨਾਂ ਤੋਂ ਸਦਕੇ ਜਾਂਦਾ ਹਾਂ।1। ਰਹਾਉ।

ਹੇ ਭਾਈ! ਪਰਮੇਸਰ ਸਦਾ ਕਾਇਮ ਰਹਿਣ ਵਾਲਾ ਹੈ, (ਉਸ ਦੇ) ਸੰਤ ਜਨ ਅਟੱਲ ਜੀਵਨ ਵਾਲੇ ਹੁੰਦੇ ਹਨ। ਹੇ ਭਾਈ! ਪਰਮਾਤਮਾ ਦਾ ਨਾਮ ਅਟੱਲ ਰਹਿਣ ਵਾਲਾ ਹੈ। ਹੇ ਭਾਈ! (ਪੂਰੀ) ਸਰਧਾ ਨਾਲ ਉਸ ਪਰਮਾਤਮਾ ਦੀ ਭਗਤੀ ਕਰਨੀ ਚਾਹੀਦੀ ਹੈ, ਉਸ ਕਦੇ ਨਾਹ ਨਾਸ ਹੋਣ ਵਾਲੇ ਪ੍ਰਭੂ ਦੇ ਗੁਣ ਗਾਇਆ ਕਰੋ।1।

ਹੇ ਨਾਨਕ! ਪਰਮਾਤਮਾ ਅਪਹੁੰਚ ਹੈ, ਉਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ। ਉਹ ਕੇਡਾ ਵੱਡਾ ਹੈ—ਇਹ ਅੰਦਾਜ਼ਾ ਨਹੀਂ ਲਾਇਆ ਜਾ ਸਕਦਾ। ਉਹ ਪਰਮਾਤਮਾ ਸਾਰੇ ਸਰੀਰਾਂ ਦਾ ਆਸਰਾ ਹੈ। ਹੇ ਭਾਈ! ਉਸ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਿਆ ਕਰੋ, ਜਿਸ ਦੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ, ਜਿਸ ਦੇ ਗੁਣਾਂ ਦਾ ਪਾਰਲਾ ਬੰਨਾ ਨਹੀਂ ਲੱਭ ਸਕਦਾ।2। 63। 86।